ME 3

**ਡਾਇਰੈਕਟੋਰੇਟ,**
**ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ**
**ਐਸ.ਸੀ.ਐਫ.ਨੰ: 07 ਫੇਜ਼-1, ਐਸ.ਏ.ਐਸ.ਨਗਰ (ਮੋਹਾਲੀ)**

ਸੇਵਾ ਵਿਖੇ,

1. ਡਾਇਰੈਕਟਰ, ਡੀ.ਪੀ.ਆਈ.(ਕ),ਐਸ.ਏ.ਐਸ.ਨਗਰ;
2. ਡਾਇਰੈਕਟਰ, ਡੀ.ਪੀ.ਆਈ.(ਸ), ਐਸ.ਏ.ਐਸ.ਨਗਰ;
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ ਵਿਭਾਗ, ਐਸ.ਏ.ਐਸ.ਨਗਰ
4. ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਐਸ.ਏ.ਐਸ.ਨਗਰ;
5. ਡਾਇਰੈਕਟਰ, ਐਸ.ਸੀ.ਈ.ਆਰ.ਟੀ. ਵਿਭਾਗ, ਐਸ.ਏ.ਐਸ ਨਗਰ ;
6. ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ (ਇੰਜ. ਐਂਡ ਪੋਲੀ.ਵਿੰਗ), ਐਸ.ਏ.ਐਸ.ਨਗਰ;
7. ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ (ਆਈ.ਟੀ.ਆਈ. ਵਿੰਗ), ਐਸ.ਏ.ਐਸ.ਨਗਰ;

ਮੀਮੋ ਨੰ. ਸ-17/ 1/249184/2021
ਮਿਤੀ, 15-09-2021

ਵਿਸ਼ਾ:- ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ. ਸਟੂਡੈਂਟਸ ਸਕੀਮ ਸਬੰਧੀ।

ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਦੀਆਂ ਡਿਗਰੀਆਂ/ਸਰਟੀਫਿਕੇਟ ਰੋਕੇ ਜਾਣ ਕਾਰਨ ਵਿਦਿਆਰਥੀਆਂ ਨੂੰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਆਪ ਦੇ ਵਿਭਾਗ ਵੱਲੋਂ ਪਹਿਲਾਂ ਹੀ ਇਸ ਵਿਭਾਗ ਨੂੰ ਅੰਡਰਟੇਕਿੰਗ ਦਿੱਤੀ ਹੋਈ ਹੈ ਕਿ ਕਿਸੇ ਵੀ ਵਿਦਿਆਰਥੀ ਦੀ ਡਿਗਰੀ/ਸਰਟੀਫਿਕੇਟ ਨਹੀਂ ਰੋਕੇ ਜਾਣਗੇ। ਇਸ ਸਬੰਧ ਵਿੱਚ ਆਪ ਨੂੰ ਦੁਬਾਰਾ ਲਿਖਿਆ ਜਾਂਦਾ ਹੈ ਕਿ ਆਪਣੇ ਆਪਣੇ ਵਿਭਾਗ ਅਧੀਨ ਆਉਂਦੀਆਂ ਯੂਨੀਵਰਸਿਟੀਆਂ/ਸੰਸਥਾਵਾਂ ਨੂੰ ਹਦਾਇਤ ਕਰਨ ਦੀ ਖੇਚਲ ਕੀਤੀ ਜਾਵੇ ਕਿ ਉਹ ਇਹ ਯਕੀਨੀ ਬਣਾਉਣ ਕਿ ਕਿਸੇ ਵੀ ਵਿਦਿਆਰਥੀ ਦੀ ਸਕਾਲਰਸ਼ਿਪ ਕਾਰਨ ਡਿਗਰੀ/ਸਰਟੀਫਿਕੇਟ ਨਾ ਰੋਕਿਆ ਜਾਵੇ।

ਇਸ ਤੋਂ ਇਲਾਵਾ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਕੁੱਝ ਵਿਦਿਆਰਥੀਆਂ ਵੱਲੋਂ ਸਾਲ 2020-21 ਦੀ ਫੀਸ ਸੰਸਥਾਵਾਂ ਨੂੰ ਜਮ੍ਹਾਂ ਨਹੀਂ ਕਰਵਾਈ ਗਈ ਹੈ।ਇਸ ਸਬੰਧੀ ਆਪਣੇ ਵਿਭਾਗ ਅਧੀਨ ਆਉਂਦੀਆਂ ਸੰਸਥਾਵਾਂ ਨਾਲ ਤਾਲਮੇਲ ਕਰਕੇ ਸੂਚਨਾ ਇਸ ਦਫਤਰ ਨੂੰ ਭੇਜਣ ਦੀ ਖੇਚਲ ਕੀਤੀ ਜਾਵੇ ਕਿ ਕਿੰਨੀਆਂ ਸੰਸਥਾਵਾਂ ਵਿੱਚ ਵਿਦਿਆਰਥੀਆਂ ਵੱਲੋਂ ਫੀਸ ਜਮ੍ਹਾਂ ਨਹੀਂ ਕਰਵਾਈ ਗਈ ਤਾਂ ਜੋ ਜਿਨ੍ਹਾਂ ਵਿਦਿਆਰਥੀਆਂ ਵੱਲੋਂ ਫੀਸ ਜਮ੍ਹਾਂ ਨਹੀਂ ਕਰਵਾਈ ਗਈ, ਉਹਨਾਂ ਵਿਰੁੱਧ ਅਗਲੀ ਕਾਰਵਾਈ ਕੀਤੀ ਜਾ ਸਕੇ।

ਡਾਇਰੈਕਟਰ

ਮਿਤੀ 15-9-2021

ਪਿੱਠ ਅੰਕਣ ਨੰ. ਸ-17/ 1/249184/2021

ਉਪਰੋਕਤ ਦਾ ਉਤਾਰਾ ਪ੍ਰਮੁੱਖ ਸਕੱਤਰ ਪੰਜਾਬ ਸਰਕਾਰ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਜੀ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ।

ਡਾਇਰੈਕਟਰ